# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।
## ਪ੍ਰੈਸ ਨੋਟ

## ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜੇ ਹਟਾਉਣ ਸਬੰਧੀ ਵਿਸ਼ੇਸ਼ ਮੁਹਿੰਮ .........ਕਾਰਜ ਸਾਧਕ ਅਫਸਰ

## ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ

ਹੁਸ਼ਿਆਰਪੁਰ 4 ਮਾਰਚ– ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੁਪਰਡੈਂਟ ਤਹਿਬਾਜਰੀ ਸੁਆਮੀ ਸਿੰਘ ਦੀ ਅਗਵਾਈ ਵਿਚ ਅੱਜ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿਚ ਦੁਕਾਨਦਾਰਾਂ ਵਲੋਂ ਸੜਕਾਂ ਤੇ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਜਿਸ ਤਹਿਤ ਤਹਿਬਜਾਰੀ ਦੀ ਟੀਮ ਵਲੋਂ ਵੱਖ ਵੱਖ ਬਜਾਰਾਂ ਫਗਵਾੜਾ ਰੋਡ, ਬੱਸ ਸਟੈਂਡ, ਜਲੰਧਰ ਰੋਡ, ਘੰਟਾ ਘਰ, ਕਣਕ ਮੰਡੀ, ਭੰਗੀ ਚੋਅ ਦੇ ਆਸ ਪਾਸ ਦੁਕਾਨਾਂ ਤੇ ਜਾ ਕੇ ਉਹਨਾਂ ਵਲੋਂ ਨਗਰ ਨਿਗਮ ਦੀ ਜਗਾ ਤੇ ਲਗਾਏ ਗਏ ਸਮਾਨ ਨੂੰ ਕਬਜੇ ਵਿਚ ਲਿਆ। ਉਹਨਾਂ ਨੇ ਦੁਕਾਨਦਾਰਾਂ ਨੂੰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਦੀ ਹਦਾਇਤ ਵੀ ਕੀਤੀ।

ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹਿਰ ਵਿਚ ਹੋ ਰਹੀ ਟਰੈਫਿਕ ਦੀ ਸਮੱਸਿਆ ਨੂੰ ਘਟਾਉਣ ਲਈ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜਿਆਂ ਨੂੰ ਹਟਾਉਣ ਦੀ ਮੁਹਿੰਮ ਚਲਾਈ ਗਈ ਹੈ ਉਹਨਾਂ ਕਿਹਾ ਕਿ ਦੁਕਾਨਦਾਰ ਆਪਣਾ ਸਮਾਨ ਦੁਕਾਨਾਂ ਦੇ ਅੰਦਰ ਹੀ ਰੱਖਣ ਕਿਉਂਕਿ ਇਸ ਨਾਲ ਸੜਕਾਂ ਤੇ ਆਉਣ ਜਾਣ ਵਾਲੇ ਲੋਕਾਂ ਨੂੰ ਦਿੱਕਤ ਪੇਸ਼ ਆਉਂਦੀ ਹੈ ਅਤੇ ਸੜਕੀ ਆਵਜਾਈ ਵਿਚ ਰੁਕਾਵਟ ਪੈਂਦੀ ਹੈ। ਸੁਪਰਡੈਂਟ ਤਹਿਬਜਾਰੀ ਸੁਆਮੀ ਸਿੰਘ ਦੀ ਅਗਵਾਈ ਵਿਚ ਨਜਾਇਜ ਕਬਜੇ ਹਟਾਉਣ ਲਈ ਗਈ ਟੀਮ ਵਿਚ ਇੰਸਪੈਕਟਰ ਸੰਜੀਵ ਅਰੋੜਾ, ਮੁਕਲ ਕੇਸਰ, ਕੇਹਰ ਸਿੰਘ, ਸੰਨੀ, ਗੌਰਵ ਸ਼ਰਮਾ, ਸੰਦੀਪ ਅਤੇ ਕੁਲਵਿੰਦਰ ਸਿੰਘ ਸ਼ਾਮਿਲ ਸਨ।